ਨੰ: 3/19/2017-3ਸਿ3/137/869/1

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਸਮਾਰਟ ਮਾਇੰਡ ਪਬਲਿਕ ਸਕੂਲ,
ਮਹਿਮਾ, ਰਾਜਪੁਰਾ ਟਾਊਨ, ਜਿਲ੍ਹਾਂ ਪਟਿਆਲਾ
ਮਿਤੀ:ਚੰਡੀਗੜ੍ਹ: 11/12/2018

**ਵਿਸ਼ਾ:-** **ਸਮਾਰਟ ਮਾਇੰਡ ਪਬਲਿਕ ਸਕੂਲ, ਮਹਿਮਾ, ਰਾਜਪੁਰਾ ਟਾਊਨ, ਜਿਲ੍ਹਾ ਪਟਿਆਲਾ ਨੂੰ ਸੀ.ਬੀ.ਐਸ.ਈ ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਪਟਿਆਲਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾ ਨੂੰ ਨਹੀ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ ਐਕਟ 2009 ਦੇ ਰੂਲਾਂ ਦੀ ਇੰਨ-ਬਿੰਨ ਪਾਲਣਾ ਕਰੇਗੀ।

For Smart Mind Public School
Chairman

Principal,
Smart Mind Public School
Mehma, Rajpura

Correspondent,
Management Committee
Smart Mind Public School

ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਨ੍ਹਾਂ ਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ [illegible] ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6 ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਦਾ ਸਮੇਂ 2 ਨਿਰੀਖਣ ਪੰਜਾਬ ਸਰਕਾਰ ਦੇ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ।

7 ਪੰਜਾਬ ਸਰਕਾਰ ਵੱਲੋਂ ਪੱਤਰ ਨੰ 2/93/2009/3ਸਿ3/1360154 ਮਿਤੀ 26.11.2018 ਰਾਹੀਂ ਜਾਰੀ ਕੀਤੀ ਐਫੀਲੀਏਸ਼ਨ ਪਾਲਿਸੀ ਗਾਈਡ ਲਾਇਨਜ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।

ਉਪ ਸਕੱਤਰ, ਸਕੂਲ ਸਿੱਖਿਆ

ਮਿਤੀ, ਚੰਡੀਗੜ੍ਹ

ਪਿੱ ਅੰ ਨੰ 3/19/2017-3ਸਿ3

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ. 15/07-2017 ਗ੍ਰਾਂਟ-1(7)/1197 ਮਿਤੀ 30.03.2017 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2 ਸਮਾਰਟ ਮਾਇੰਡ ਪਬਲਿਕ ਸਕੂਲ, ਮਹਿਮਾ, ਰਾਜਪੁਰਾ ਟਾਊਨ, ਜਿਲ੍ਹਾ ਪਟਿਆਲਾ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਉਪ ਸਕੱਤਰ, ਸਕੂਲ ਸਿੱਖਿਆ

ਅੰਦਰੂਨੀ ਵੰਡ:

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਹਾਇਕ/ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਹਾਇਕ/ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ, ਪੰਜਾਬ।
4. ਸਟੈਨੋ/ਨਿੱਜੀ ਸਹਾਇਕ/ਉਪ ਸਕੱਤਰ, ਸਕੂਲ ਸਿੱਖਿਆ।
5. ਰਿਕਾਰਡਰ ਸਿੱਖਿਆ-3 ਸ਼ਾਖਾ।

Principal
Smart Mind Public School

For Smart Mind Public School

Chairman

Manager/Correspondent